# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 31-03-2025**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਕਿਹਾ ਏ ਕਿ ਨਰੇਂਦਰ ਮੋਦੀ ਸਰਕਾਰ ਨੇ ਪਿਛਲੇ ਦਹਾਕੇ ਦੌਰਾਨ, ਪੂਰੇ ਦੇਸ਼ ਵਿੱਚ ਸਿਹਤ ਖੇਤਰ ਨੂੰ ਬਿਹਤਰ ਬਣਾਉਣ ਲਈ ਇੱਕ ਸਮੁਚੀ ਪਹੁੰਚ ਅਪਣਾ ਕੇ ਦੇਸ਼ ਦੇ ਸਿਹਤ ਬੁਨਿਆਦੀ ਢਾਂਚੇ ਨੂੰ ਉੱਚਾ ਚੁੱਕਿਆ ਏ ।
- ਪੰਜਾਬ ਪੁਲਿਸ ਨੇ ਤਰਨਤਾਰਨ ਵਿੱਚ, ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ਵਿੱਚੋਂ 15 ਕਿਲੋ ਹੈਰੋਇਨ ਬਰਾਮਦ ਕੀਤੀ ਏ ।
- ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਸਰਦੂਲਗੜ੍ਹ ਹਲਕੇ 'ਚ ਕਰੀਬ 15 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਚਾਰ ਮਾਈਨਰਾਂ ਅਤੇ ਪੁਲ ਦਾ ਉਦਘਾਟਨ ਕੀਤਾ ਗਿਆ.
- ਦੇਸ਼ ਭਰ ਵਿੱਚ ਅੱਜ ਈਦ-ਉਲ-ਫਿਤਰ ਦਾ ਤਿਉਹਾਰ ਧਾਰਮਿਕ ਸ਼ਰਧਾ ਤੇ ਰਵਾਇਤੀ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ ।

- ਕੇਂਦਰੀ ਸਿੱਖਿਆ ਮੰਤਰਾਲੇ ਦੇ ਸਕੂਲੀ ਸਿੱਖਿਆ ਅਤੇ ਸਾਖਰਤਾ ਵਿਭਾਗ ਵੱਲੋਂ ਮਹਾਕੁੰਭ ਮੇਲੇ ਬਾਰੇ ਕਰਾਏ ਗਏ ਡਰਾਇੰਗ ਅਤੇ ਪੇਂਟਿੰਗ ਮੁਕਾਬਲਿਆਂ 'ਚ ਪੰਜਾਬ ਦੇ 3 ਵਿਦਿਆਰਥੀਆਂ ਨੇ ਇਨਾਮ ਜਿੱਤੇ ਨੇ.

**-------------------------------------------------------------------------------**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ, ਨਰੇਂਦਰ ਮੋਦੀ ਸਰਕਾਰ ਨੇ ਪਿਛਲੇ ਇੱਕ ਦਹਾਕੇ ਵਿੱਚ, ਦੇਸ਼ ਭਰ 'ਚ ਸਿਹਤ ਖੇਤਰ ਵਿੱਚ ਸੁਧਾਰ ਲਈ, ਸੰਪੂਰਨ ਪਹੁੰਚ ਅਪਣਾ ਕੇ ਦੇਸ਼ ਦੇ ਸਿਹਤ ਬੁਨਿਆਦੀ ਢਾਂਚੇ ਦਾ ਪੱਧਰ ਉੱਚਾ ਚੁੱਕਿਆ ਏ। ਗ੍ਰਹਿ ਮੰਤਰੀ ਹਰਿਆਣਾ ਦੇ ਹਿਸਾਰ ਵਿੱਚ ਮਹਾਰਾਜਾ ਅਗਰਸੇਨ ਮੈਡੀਕਲ ਕਾਲਜ ਵਿੱਚ, ਮਹਾਰਾਜਾ ਅਗਰਸੇਨ ਦੀ ਮੂਰਤੀ ਦਾ ਉਦਘਾਟਨ ਕਰਨ ਤੋਂ ਬਾਅਦ ਇੱਕ ਇਕੱਠ ਨੂੰ ਸੰਬੋਧਨ ਕਰ ਰਹੇ ਸਨ- **byte-**
ਸ਼੍ਰੀ ਸ਼ਾਹ ਨੇ ਨਵੇਂ ਬਣਾਏ ਗਏ Intensive Care Unit (ICU) ਦਾ ਵੀ ਉਦਘਾਟਨ ਕੀਤਾ ਅਤੇ ਪੋਸਟ ਗ੍ਰੈਜੂਏਟ ਹੋਸਟਲ ਦਾ ਨੀਂਹ ਪੱਥਰ ਵੀ ਰੱਖਿਆ। ਸ਼ਾਹ ਨੇ ਕਿਹਾ ਕਿ, ਸਾਲ 2013-14 ਵਿੱਚ, ਕੇਂਦਰ ਦਾ ਸਿਹਤ ਬਜਟ 37 ਹਜ਼ਾਰ ਕਰੋੜ ਰੁਪਏ ਸੀ ਅਤੇ ਸਾਲ 2025-26 ਵਿੱਚ, ਇਸ ਨੂੰ ਵਧਾ ਕੇ ਇੱਕ ਲੱਖ 37 ਹਜ਼ਾਰ ਕਰੋੜ ਰੁਪਏ ਕਰ ਦਿੱਤਾ ਗਿਆ ਏ।ਉਨ੍ਹਾਂ ਕਿਹਾ ਕਿ ਜਦੋਂ ਸ਼੍ਰੀ ਨਰੇਂਦਰ ਮੋਦੀ, ਪ੍ਰਧਾਨ ਮੰਤਰੀ

ਬਣੇ ਸਨ, ਉਸ ਸਮੇਂ ਦੇਸ਼ ਵਿੱਚ 7 ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ - (ਏਮਜ਼) ਸਨ, ਜਿਨ੍ਹਾਂ ਵਿੱਚੋਂ 6 ਦੀ ਸਥਾਪਨਾ ਅਟਲ ਬਿਹਾਰੀ ਵਾਜਪਾਈ ਦੀ ਅਗਵਾਈ ਵਾਲੀ ਸਰਕਾਰ ਦੌਰਾਨ ਕੀਤੀ ਗਈ ਸੀ। ਸ੍ਰੀ ਸ਼ਾਹ ਨੇ ਕਿਹਾ ਕਿ, ਹੁਣ ਦੇਸ਼ ਵਿੱਚ, 23 ਏਮਜ਼ ਨੇ। ਉਨ੍ਹਾਂ ਦੱਸਿਆ ਕਿ ਮੈਡੀਕਲ ਕਾਲਜਾਂ ਦੀ ਗਿਣਤੀ 387 ਤੋਂ ਵਧ ਕੇ 766 ਹੋ ਗਈ ਏ ਅਤੇ MBBS ਦੀਆਂ ਸੀਟਾਂ ਦੀ ਗਿਣਤੀ, 51 ਹਜ਼ਾਰ ਤੋਂ ਵਧ ਕੇ, ਇਕ ਲੱਖ 15 ਹਜ਼ਾਰ ਹੋ ਗਈ ਏ। ਉਨ੍ਹਾਂ ਕਿਹਾ ਕਿ ਅਗਲੇ ਪੰਜ ਸਾਲਾਂ ਵਿੱਚ, MBBS ਦੀਆਂ 85 ਹਜ਼ਾਰ ਹੋਰ ਸੀਟਾਂ ਜੋੜਨ ਦੀ ਯੋਜਨਾ ਏ ।ਉਨ੍ਹਾਂ ਨੇ ਇਸ ਮੌਕੇ ਭਾਰਤ ਸਰਕਾਰ ਵਲੋਂ ਲੋਕਾਂ ਨੂੰ ਗਰੀਬੀ 'ਚੋਂ ਕੱਢਣ ਅਤੇ ਹੋਰਨਾਂ ਯੋਜਨਾਵਾਂ ਤੋਂ ਹੋ ਰਹੇ ਫਾਇਦਿਆਂ 'ਤੇ ਵੀ ਚਾਨਣਾ ਪਾਇਆ।**byte-**

ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਸੂਬੇ ਦੇ ਸਿਹਤ ਮੰਤਰੀ ਆਰਤੀ ਸਿੰਘ ਰਾਓ, ਸੂਬਾ ਬੀਜੇਪੀ ਪ੍ਰਧਾਨ Mohan Lal Badoli ਅਤੇ ਕੁਰੂਕਸ਼ੇਤਰ ਤੋਂ ਬੀਜੇਪੀ ਸੰਸਦ ਮੈਂਬਰ ਨਵੀਨ ਜਿੰਦਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

**--------------------------------------------------------------------------------**

ਪੰਜਾਬ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਿਲ ਕਰਦਿਆਂ ਤਰਨਤਾਰਨ ਵਿੱਚ, ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸਦੇ

ਕਬਜ਼ੇ ਵਿੱਚੋਂ 15 ਕਿਲੋ ਹੈਰੋਇਨ ਬਰਾਮਦ ਕੀਤੀ ਏ। ਨਸ਼ਾ ਤਸਕਰ ਦੇ ਪਾਕਿਸਤਾਨ ਅਤੇ ਅਮਰੀਕਾ ਅਧਾਰਿਤ ਡਰੱਗ ਸਿੰਡੀਕੇਟ ਨਾਲ ਸੰਬੰਧ ਸਨ. ਸੂਬਾ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕਰਨ ਤੋਂ ਬਾਅਦ  ਪੁਲਿਸ ਵੱਲੋਂ ਬਰਾਮਦ ਕੀਤੀ ਗਈ ਇਹ ਸਭ ਤੋਂ ਵੱਡੀ ਖੇਪ ਦੱਸੀ ਜਾ ਰਹੀ ਏ। ਪੰਜਾਬ ਪੁਲਿਸ ਦੇ DGP ਗੌਰਵ ਯਾਦਵ ਨੇ ਦੱਸਿਆ ਕਿ, ਨਸ਼ਾ ਤਸਕਰ ਦੀ ਪਛਾਣ ਅੰਮ੍ਰਿਤਸਰ ਸਥਿਤ ਹਰਸ਼ਪ੍ਰੀਤ ਸਿੰਘ ਵਜੋਂ ਹੋਈ ਏ, ਜੋ ਪਾਕਿਸਤਾਨ ਨਾਲ ਲੱਗਦੀ ਸਰਹੱਦ ਨੇੜੇ ਖੇਤਾਂ ਤੋਂ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਨੂੰ ਪ੍ਰਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਸੀ। ਇਹ ਖੇਪਾਂ ਉਸਦੇ ਪਾਕਿਸਤਾਨ ਸਥਿਤ ਸਾਥੀਆਂ ਵਲੋਂ ਡਰੋਨ ਰਾਹੀਂ ਸੁੱਟੀਆਂ ਜਾਂਦੀਆਂ ਸਨ। ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਹੋਰ ਤਸਕਰਾਂ ਨੂੰ ਵੇਚਣ ਤੋਂ ਬਾਅਦ, ਇਨ੍ਹਾਂ ਦੀ ਕਮਾਈ ਹਵਾਲਾ ਚੈਨਲਾਂ ਰਾਹੀਂ, ਉਸਦੇ ਅਮਰੀਕਾ ਸਥਿਤ ਹੈਂਡਲਰ ਨੂੰ ਭੇਜੀ ਜਾਂਦੀ ਸੀ। ਤਰਨ ਤਾਰਨ ਦੇ SSP ਅਭਿਮਨਯੂ ਰਾਣਾ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ

**BYTE**

ਇਸ ਮਾਮਲੇ ਵਿਚ ਕੇਸ ਦਰਜ ਕਰ ਲਿਆ ਗਿਆ ਏ ਤੇ ਅਗਲੇਰੀ ਜਾਂਚ ਜਾਰੀ ਏ.

---

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਜ਼ਿਲ੍ਹਾ ਮਾਨਸਾ ਦੇ ਹਲਕਾ ਸਰਦੂਲਗੜ੍ਹ ਵਿੱਚ ਨਵੇਂ ਬਣਾਏ ਚਾਰ ਮਾਈਨਰਾਂ ਅਤੇ ਇੱਕ ਪੁਲ ਦਾ ਉਦਘਾਟਨ ਕੀਤਾ. ਕਰੀਬ 15 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤੇ ਗਏ ਇਨ੍ਹਾਂ ਪ੍ਰਾਜੈਕਟਾਂ ਨਾਲ ਇਸ ਇਲਾਕੇ ਵਿੱਚ ਸਿੰਜਾਈ ਸਹੂਲਤਾਂ ਵਿੱਚ ਹੋਰ ਵਾਧਾ ਹੋਵੇਗਾ। ਇਨ੍ਹਾਂ ਪ੍ਰਾਜੈਕਟਾਂ ਨੂੰ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਥੇ 12.82 ਕਰੋੜ ਰੁਪਏ ਦੀ ਲਾਗਤ ਵਾਲੇ ਚਾਰ ਮਾਈਨਰਾਂ ਦਾ ਕੰਮ ਮੁਕੰਮਲ ਕੀਤਾ ਗਿਆ ਏ , ਉਥੇ 2 ਕਰੋੜ 10 ਲਖ ਰੁਪਏ ਨਾਲ ਇਤਿਹਾਸਕ ਮਹੱਤਤਾ ਵਾਲਾ ਪੁਲ ਬਣਾਇਆ ਗਿਆ ਏ । ਉਨ੍ਹਾਂ ਕਿਹਾ ਕਿ ਇਹਨਾਂ ਮਾਯੀਨਰਾਂ ਨਾਲ ਇਲਾਕੇ 'ਚ ਕਈ ਏਕੜ ਰਕਬੇ ਦੀ ਸਿੰਜਾਈ ਯਕੀਨੀ ਬਣੇਗੀ । ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਓਹਨਾਂ ਇਹ ਵੀ ਦੱਸਿਆ ਕਿ ਘੱਗਰ ਦਰਿਆ ਉੱਪਰ ਸਟੀਲ ਫੁੱਟ ਬ੍ਰਿਜ, ਜੋ 2.10 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਏ, ਵੀ ਅੱਜ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਇੱਕ ਸਾਲ ਦੇ ਰਿਕਾਰਡ ਸਮੇਂ ਵਿਚ ਤਿਆਰ ਕੀਤੇ ਗਏ ਇਸ ਪੁੱਲ ਨਾਲ ਤਿੰਨ ਤੋਂ ਚਾਰ ਪਿੰਡਾਂ ਦੇ ਲੋਕਾਂ ਨੂੰ ਘੱਗਰ ਦਰਿਆ ਨੂੰ ਪਾਰ ਕਰਨ ਵਿੱਚ

ਆਸਾਨੀ ਹੋ ਗਈ ਏ । ਉਨ੍ਹਾਂ ਦੱਸਿਆ ਕਿ ਨਵਾਂ ਪੁਲ ਪਾਣੀ ਦੇ ਹਰ ਪੱਧਰ ਨੂੰ ਸਹਿਣ ਕਰਨ ਲਈ ਬਣਾਇਆ ਗਿਆ ਏ । ਉਨ੍ਹਾਂ ਇਹ ਵੀ ਕਿਹਾ ਕਿ ਮਾਨਸਾ, ਪਟਿਆਲਾ ਅਤੇ ਸੰਗਰੂਰ ਆਦਿ ਜ਼ਿਲ੍ਹਿਆਂ ਲਈ 35 ਕਰੋੜ ਰੁਪਏ ਨਾਲ ਸਰਹਿੰਦ ਫੀਡਰ ਨੂੰ ਪੱਕਾ ਕੀਤਾ ਗਿਆ ਏ ਅਤੇ ਇਸ ਦੀ ਪਾਣੀ ਦੀ ਸਮਰੱਥਾ 900 ਕਿਊਸਿਕ ਤੋਂ ਵਧਾ ਕੇ 1600 ਕਿਊਸਿਕ ਕਰ ਦਿੱਤੀ ਗਈ ਏ ਤਾਂ ਜੋ ਜ਼ਿਲ੍ਹੇ ਵਿਚ ਸਿੰਜਾਈਯੋਗ ਪਾਣੀ ਆ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਖੜ੍ਹੀ ਏ ਅਤੇ ਵਿਕਾਸ ਕਾਰਜਾਂ ਵਿਚ ਕੋਈ ਕਮੀ ਨਹੀਂ ਛੱਡੀ ਜਾਵੇਗੀ।

-----------------------------------------------------------------------------------

ਦੇਸ਼ ਵਿੱਚ ਅੱਜ ਈਦ-ਉਲ-ਫਿਤਰ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਰਵਾਇਤੀ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਹ ਤਿਉਹਾਰ ਰਮਜ਼ਾਨ ਦੇ ਮਹੀਨੇ ਦੇ ਅੰਤ ਨੂੰ ਦਰਸਾਉਂਦਾ ਏ। ਨਮਾਜ਼ੀਆਂ ਨੇ ਸੋਹਣੇ ਕੱਪੜੇ ਪਾ ਕੇ ਈਦਗਾਹਾਂ ਅਤੇ ਵੱਡੀਆਂ ਮਸਜਿਦਾਂ ਵਿਚ ਨਮਾਜ਼ ਅਦਾ ਕੀਤੀ। ਬਾਅਦ ਵਿੱਚ, ਸਾਰਿਆਂ ਨੇ ਇੱਕ ਦੂਜੇ ਨੂੰ ਈਦ ਦੀ ਵਧਾਈ ਦਿੱਤੀ। ਲੋਕ ਅੱਜ ਆਪਣੇ ਰਿਸ਼ਤੇਦਾਰਾਂ ਅਤੇ ਦੋਸਤਾਂ ਨੂੰ ਮਿਲ ਰਹੇ ਨੇ ਅਤੇ ਇੱਕ ਦੂਜੇ ਨੂੰ ਮਠਿਆਈਆਂ ਤੇ ਸ਼ੁਭਕਾਮਨਾਵਾਂ ਦੇ ਰਹੇ ਨੇ।

ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਈਦ-ਉਲ-ਫਿਤਰ ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ, ਇਹ ਤਿਉਹਾਰ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਏ। ਉਨ੍ਹਾਂ ਕਾਮਨਾ ਕੀਤੀ ਕਿ, ਇਹ ਤਿਉਹਾਰ ਸਾਰਿਆਂ ਦੇ ਜੀਵਨ ਵਿੱਚ ਸ਼ਾਂਤੀ, ਖੁਸ਼ਹਾਲੀ ਤੇ ਖੁਸ਼ੀਆਂ ਲੈ ਕੇ ਆਵੇ ਅਤੇ ਚੰਗਿਆਈ ਦੇ ਰਾਹ 'ਤੇ ਅੱਗੇ ਵਧਣ ਦੀ ਭਾਵਨਾ ਨੂੰ ਮਜ਼ਬੂਤ ਕਰੇ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਈਦ, ਸੱਭਿਆਚਾਰਕ ਵਨ ਸੁਵੰਨਤਾ ਅਤੇ ਏਕਤਾ ਦਾ ਪ੍ਰਤੀਕ ਏ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਤਿਉਹਾਰ ਸਾਨੂੰ ਉਨ੍ਹਾਂ ਕਦਰਾਂ-ਕੀਮਤਾਂ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕਰੇਗਾ ਜੋ ਸਾਡੇ ਜੀਵਨ ਨੂੰ ਦਿਸ਼ਾ ਦਿੰਦੀਆਂ ਨੇ ਅਤੇ ਸਾਨੂੰ ਇੱਕ ਮਜ਼ਬੂਤ ਤੇ ਖੁਸ਼ਹਾਲ ਰਾਸ਼ਟਰ ਵਜੋਂ ਇਕਜੁੱਟ ਰੱਖਦੀਆਂ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਇਸ ਮੌਕੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਉਮੀਦ ਪ੍ਰਗਟ ਕੀਤੀ ਏ ਕਿ, ਇਹ ਤਿਉਹਾਰ ਸਮਾਜ ਵਿੱਚ ਉਮੀਦ, ਸਦਭਾਵਨਾ ਅਤੇ ਦਇਆ ਦੀ ਭਾਵਨਾ ਨੂੰ ਵਧਾਏਗਾ। ਪੰਜਾਬ ਵਿੱਚ ਵੀ ਈਦ ਦਾ ਤਿਉਹਾਰ ਪੂਰੇ ਸੂਬੇ ਵਿੱਚ, ਧਾਰਮਿਕ ਉਤਸ਼ਾਹ ਅਤੇ ਖੁਸ਼ੀਆਂ ਨਾਲ ਮਨਾਇਆ ਜਾ ਰਿਹਾ ਏ। ਸ਼ਰਧਾਲੂ,

ਮਾਲੇਰਕੋਟਲਾ, ਜਲੰਧਰ, ਲੁਧਿਆਣਾ, ਸ੍ਰੀ ਮੁਕਤਸਰ ਸਾਹਿਬਗੁਰਦਾਸਪੁਰ,ਫਰੀਦਕੋਟ ਅਤੇ ਹੁਸ਼ਿਆਰਪੁਰ ਸਮੇਤ ਵੱਖ-ਵੱਖ ਥਾਵਾਂ 'ਤੇ ਮਸਜਿਦਾਂ’ਚ ਗਏ ਅਤੇ ਸੂਬੇ ਦੀ ਸ਼ਾਂਤੀ ਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਇਸ ਦੌਰਾਨ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਤਿਹਾਸਕ ਸ਼ਹਿਰ ਮਲੇਰਕੋਟਲਾ ਵਿੱਚ ਈਦਗਾਹ ਵਿਖੇ ਦੁਆ ਕੀਤੀ ਅਤੇ ਕੁਝ ਵਿਕਾਸ ਪ੍ਰੋਜੈਕਟਾਂ ਬਾਰੇ ਗੱਲ ਕਰਦਿਆਂ, ਕੇਂਦਰ ਦੇ ਯੋਗਦਾਨ ਨਾਲ ਇੱਕ ਮੈਡੀਕਲ ਕਾਲਜ ਬਣਾਉਣ ਦਾ ਐਲਾਨ ਵੀ ਕੀਤਾ।

---------------------------------------------------------------------------------------

ਪੰਜਾਬ ਵਿੱਚ ਸ਼ੰਭੂ ਅਤੇ ਢਾਬੀਗੁੱਜਰਾਂ ਬਾਰਡਰਾਂ ’ਤੇ 13 ਮਹੀਨਿਆਂ ਤੱਕ ਕਿਸਾਨ ਅੰਦੋਲਨ ਦੇ ਝੰਡੇ ਹੇਠ ਵਿਰੋਧ ਪ੍ਰਦਰ੍ਸ਼ਨ ਕਰਨ ਵਾਲੀਆਂ ਕਿਸਾਨ ਧਿਰਾਂ- ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਵੱਲੋਂ ਅੱਜ ਮੋਰਚੇ ਨੂੰ ਖਦੇੜਨ ਅਤੇ ਇਸ ਮਗਰੋਂ ਕਿਸਾਨਾਂ ਦੇ ਸਮਾਨ ਕਥਿਤ ਤੌਰ ‘ਤੇ ਚੋਰੀ ਹੋਣ ਸਮੇਤ ਹੋਰ ਮਸਲਿਆਂ ਦੇ ਹੱਲ ਲਈ ਅੱਜ ਪੰਜਾਬ ਦੇ ਮੁੱਖ ਮੰਤਰੀ ਸਮੇਤ ਹੋਰ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਨੂੰ ਘੇਰਿਆ ਗਿਆ। ਕਿਸਾਨ ਨੇਤਾਵਾਂ ਨੇ ਸਾਡੇ ਮਾਨਸਾ ਵਾਲੇ ਪੱਤਰਕਾਰ ਨੂੰ ਦੱਸਿਆ ਏ ਕਿ ਇਸ ਤੋਂ ਇਲਾਵਾ ਸਾਰੀਆਂ ਫ਼ਸਲਾਂ ’ਤੇ ਐਮਐਸਪੀ ਗਾਰੰਟੀ ਕਾਨੂੰਨ ਸਮੇਤ ਅੰਦੋਲਨ ਦੀਆਂ ਹੋਰ

ਮੰਗਾਂ ਦੇ ਜਲਦੀ ਹੱਲ ਕਰਨ ਦੀ ਵੀ ਮੰਗ ਕੀਤੀ ਗਈ ਏ। ਇਸ ਸੰਬੰਧ 'ਚ ਪੰਜਾਬ ਭਰ ਵਿਚ ਪੁਲਿਸ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਸਨ.

-------------------------------------------------------------------------------

ਅਣਅਧਿਕ੍ਰਿਤ ਇਮੀਗ੍ਰੇਸ਼ਨ ਫਰਮਾਂ 'ਤੇ ਇੱਕ ਵੱਡੀ ਕਾਰਵਾਈ ਕਰਦਿਆਂ, ਜਲੰਧਰ ਪ੍ਰਸ਼ਾਸਨ ਨੇ ਜ਼ਿਲ੍ਹੇ ਵਿੱਚ ਅਜਿਹੇ ਕਾਰੋਬਾਰਾਂ ਦੇ 50 ਲਾਇਸੈਂਸ ਰੱਦ ਕਰ ਦਿੱਤੇ ਨੇ. ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਏ ਕਿ ਇਹ ਫਰਮਾਂ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾਣ ਦੇ ਬਾਵਜੂਦ ਆਪਣੇ ਲਾਇਸੈਂਸਾਂ ਨੂੰ ਨਵਿਆਉਣ ਵਿੱਚ ਅਸਫਲ ਰਹੀਆਂ ਸਨ। ਕਿਉਂਕਿ ਇਹਨਾਂ ਫਰਮਾਂ ਨੇ ਨੋਟਿਸਾਂ ਦਾ ਜਵਾਬ ਨਹੀਂ ਦਿੱਤਾ, ਇਸ ਲਈ ਪ੍ਰਸ਼ਾਸਨ ਨੇ ਸਖ਼ਤ ਕਾਰਵਾਈ ਕੀਤੀ ਅਤੇ ਉਨ੍ਹਾਂ ਦੇ ਲਾਇਸੈਂਸ ਰੱਦ ਕਰ ਦਿੱਤੇ। ਉਨ੍ਹਾਂ ਅੱਗੇ ਕਿਹਾ ਕਿ ਜਲੰਧਰ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਕੰਮ ਕਰ ਰਹੀਆਂ ਸਾਰੀਆਂ ਇਮੀਗ੍ਰੇਸ਼ਨ ਫਰਮਾਂ ਦੀ ਲਗਾਤਾਰ ਨਿਗਰਾਨੀ ਕਰਦਾ ਏ ਅਤੇ ਵੈਧ ਲਾਇਸੈਂਸਾਂ ਤੋਂ ਬਿਨਾਂ ਕਾਰੋਬਾਰ ਚਲਾਉਣ ਵਾਲੇ ਪਾਏ ਜਾਣ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਂਦੀ ਏ. ਇਸ ਕਦਮ ਦਾ ਉਦੇਸ਼ ਇਮੀਗ੍ਰੇਸ਼ਨ ਖੇਤਰ ਵਿੱਚ ਧੋਖਾਧੜੀ ਨੂੰ ਰੋਕਣਾ ਅਤੇ ਇਹ ਯਕੀਨੀ ਬਣਾਉਣਾ ਏ ਕਿ ਲੋਕਾਂ ਨੂੰ ਜਾਇਜ਼ ਅਤੇ ਪਾਰਦਰਸ਼ੀ ਸੇਵਾਵਾਂ ਮਿਲਣ। ਇੱਥੇ ਇਹ ਦੱਸਿਆ ਜਾਂਦਾ ਏ ਕਿ ਪ੍ਰਸ਼ਾਸਨ

ਨੇ ਫਰਮਾਂ ਵੱਲੋਂ ਬੇਨੇਮੀਆਂ ਦੇ ਕਾਰਨ ਕੁਝ ਹੋਰ ਲਾਇਸੈਂਸ ਸਮੀਖਿਆ ਅਧੀਨ ਰੱਖੇ ਨੇ. ਡੀਸੀ ਨੇ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਤੈਅ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਉਣ ਵਾਲੇ ਦਿਨਾਂ ਵਿੱਚ ਇਹ ਲਾਇਸੈਂਸ ਵੀ ਰੱਦ ਕੀਤੇ ਜਾ ਸਕਦੇ ਨੇ. ਇਸ ਤੋਂ ਇਲਾਵਾ, ਡਾ. ਅਗਰਵਾਲ ਨੇ ਵਿਦੇਸ਼ ਜਾਣ ਦੇ ਚਾਹਵਾਨਾਂ ਨੂੰ ਅਪੀਲ ਕੀਤੀ ਕਿ ਉਹ ਹਮੇਸ਼ਾ ਕਾਨੂੰਨੀ ਇਮੀਗ੍ਰੇਸ਼ਨ ਦਾ ਰਾਹ ਚੁਣਨ। ਉਨ੍ਹਾਂ ਨੇ ਲੋਕਾਂ ਨੂੰ ਸਿਰਫ਼ ਰਜਿਸਟਰਡ ਇਮੀਗ੍ਰੇਸ਼ਨ ਸਲਾਹਕਾਰਾਂ ਨਾਲ ਸੰਪਰਕ ਕਰਨ ਦੀ ਸਲਾਹ ਦਿੱਤੀ ਏ. ਵਧੇਰੇ ਜਾਣਕਾਰੀ ਲਈ, ਪ੍ਰੋਟੈਕਟਰ ਜਨਰਲ ਆਫ਼ ਇਮੀਗ੍ਰੈਂਟਸ ਹੈਲਪਲਾਈਨ 95306-41790 'ਤੇ ਵੀ ਸੰਪਰਕ ਕੀਤਾ ਜਾ ਸਕਦਾ ਏ. ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਜਲੰਧਰ ਨੇ ਵਿਦੇਸ਼ਾਂ ਵਿੱਚ ਰੁਜ਼ਗਾਰ ਦੀ ਭਾਲ ਕਰਨ ਵਾਲਿਆਂ ਲਈ ਇੱਕ ਪ੍ਰੀ-ਡਿਪਾਰਚਰ ਓਰੀਐਂਟੇਸ਼ਨ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤਾ ਏ.

---

ਕੇਂਦਰੀ ਸਿੱਖਿਆ ਮੰਤਰਾਲੇ ਦੇ ਸਕੂਲੀ ਸਿੱਖਿਆ ਅਤੇ ਸਾਖਰਤਾ ਵਿਭਾਗ ਵੱਲੋਂ ਪਿੱਛੇ ਜਿਹੇ ਖਤਮ ਹੋਏ, ਮਹਾਕੁੰਭ ਮੇਲੇ 2025 ਤੇ ਸਰਬ ਭਾਰਤੀ ਡਰਾਇੰਗ ਅਤੇ ਪੇਂਟਿੰਗ ਮੁਕਾਬਲਾ ਕਰਾਇਆ ਗਿਆ ਸੀ. ਡਰਾਇੰਗ ਮੁਕਾਬਲੇ ਵਿੱਚ ਕਪੂਰਥਲਾ ਦੇ PM ਸ੍ਰੀ ਸਕੂਲ ਦੇ ਵਿਦਿਆਰਥੀ

LAKSHYA ਅਤੇ ਸ੍ਰੀ ਮੁਕਤਸਰ ਸਾਹਿਬ ਦੇ ਵੜਿੰਗਖੇੜਾ ਸਥਿਤ JNV PM ਸ਼੍ਰੀ ਸਕੂਲ ਦੇ ਵਿਦਿਆਰਥੀ ਜੈਦੀਪ ਸਿੰਘ ਨੇ CONSOLATION PRIZE ਜਿੱਤੇ ਨੇ ਜਦਕਿ ਪਠਾਨਕੋਟ ਦੇ PM ਸ਼੍ਰੀ ਕੇਂਦਰੀ ਵਿਦਿਆਲੇ-3 ਦੀ ਦੇਵਸਮਿਤਾ ਕਰਮਾਕਰ ਨੇ ਪੇਂਟਿੰਗ ਮੁਕਾਬਲੇ ਵਿੱਚ ਇਹ ਪੁਰਸਕਾਰ ਜਿੱਤਿਆ. ਇਸ ਪੁਰਸਕਾਰ ਵਿੱਚ ਵਿਦਿਆਰਥੀਆਂ ਨੂੰ ਇੱਕ- ਇੱਕ ਪ੍ਰਮਾਣ ਪੱਤਰ ਅਤੇ ਗਿਫਟ MAHPER ਦਿੱਤੇ ਜਾਂਦੇ ਨੇ ਇਸ ਮੁਕਾਬਲੇ ਦਾ ਮੰਤਵ ਵਿਦਿਆਰਥੀਆਂ ਵਿੱਚ ਭਾਰਤ ਦੇ ਅਮੀਰ ਵਿਰਸੇ, ਸੱਭਿਆਚਾਰ ਅਤੇ ਅਧਿਆਤਮਿਕ ਮਹੱਤਵ ਨੂੰ ਸਮਝਣਾ, ਇਸਨੂੰ ਪਛਾਣਨਾ ਅਤੇ ਇੱਕ ਏਕਤਾ ਦੀ ਭਾਵਨਾ ਦਾ ਜਸ਼ਨ ਮਨਾਉਣਾ ਸੀ. ਦੇਸ਼ ਭਰ ਚੋਂ ਕੇਂਦਰੀ ਵਿਦਿਆਲਿਆ, ਨਵੋਦਿਆ ਵਿਦਿਆਲਿਆ ਅਤੇ CBSE ਸਕੂਲਾਂ ਦੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਕੁੱਲ 39 ਹਜ਼ਾਰ 840 ਵਿਦਿਆਰਥੀਆਂ ਨੇ ਹਿੱਸਾ ਲਿਆ ਸੀ. ਇਸ ਮੁਕਾਬਲੇ ਦੇ ਜੇਤੂਆਂ ਵਿੱਚ ਡਰਾਇੰਗ ਮੁਕਾਬਲੇ ਵਿੱਚ ਰਾਜਸਥਾਨ ਤੋਂ ਦੋ ਅਤੇ ਉੱਤਰ ਪ੍ਰਦੇਸ਼ ਤੋਂ ਇੱਕ ਅਤੇ ਪੇਂਟਿੰਗ ਮੁਕਾਬਲੇ ਵਿੱਚ ਪੱਛਮੀ ਬੰਗਾਲ ਤੋਂ ਦੋ ਅਤੇ ਗਾਜ਼ੀਆਬਾਦ ਤੋਂ ਇੱਕ ਵਿਦਿਆਰਥੀ,ਪਹਿਲੀਆਂ ਤਿੰਨ ਥਾਵਾਂ ‘ਤੇ ਜੇਤੂ ਰਹੇ ਨੇ. CONSOLATION PRIZE ਲਈ ਕੁੱਲ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਚੋਂ ਵੀ ਡਰਾਇੰਗ ਅਤੇ ਪੇਂਟਿੰਗ ਮੁਕਾਬਲਿਆਂ ਵਿੱਚ ਚੁਣੇ

ਗਏ ਵਿਦਿਆਰਥੀਆਂ ਚੋਂ ਇਹ ਤਿੰਨ ਪੰਜਾਬ ਦੇ ਅਤੇ ਬਾਕੀ ਹੋਰਨਾ ਸੂਬਿਆਂ ਦੇ ਨੇ.

---------------------------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਕਿਹਾ ਏ ਕਿ ਨਰੇਂਦਰ ਮੋਦੀ ਸਰਕਾਰ ਨੇ ਪਿਛਲੇ ਦਹਾਕੇ ਦੌਰਾਨ, ਪੂਰੇ ਦੇਸ਼ ਵਿੱਚ ਸਿਹਤ ਖੇਤਰ ਨੂੰ ਬਿਹਤਰ ਬਣਾਉਣ ਲਈ ਇੱਕ ਸਮੁਚੀ ਪਹੁੰਚ ਅਪਣਾ ਕੇ ਦੇਸ਼ ਦੇ ਸਿਹਤ ਬੁਨਿਆਦੀ ਢਾਂਚੇ ਨੂੰ ਉੱਚਾ ਚੁੱਕਿਆ ਏ।
- ਪੰਜਾਬ ਪੁਲਿਸ ਨੇ ਤਰਨਤਾਰਨ ਵਿੱਚ, ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ਵਿੱਚੋਂ 15 ਕਿਲੋ ਹੈਰੋਇਨ ਬਰਾਮਦ ਕੀਤੀ ਏ।
- ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਸਰਦੂਲਗੜ੍ਹ ਹਲਕੇ 'ਚ ਕਰੀਬ 15 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਚਾਰ ਮਾਈਨਰਾਂ ਅਤੇ ਪੁਲ ਦਾ ਉਦਘਾਟਨ ਕੀਤਾ ਗਿਆ.
- ਦੇਸ਼ ਭਰ ਵਿੱਚ ਅੱਜ ਈਦ-ਉਲ-ਫਿਤਰ ਦਾ ਤਿਉਹਾਰ ਧਾਰਮਿਕ ਸ਼ਰਧਾ ਤੇ ਰਵਾਇਤੀ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।

- ਕੇਂਦਰੀ ਸਿੱਖਿਆ ਮੰਤਰਾਲੇ ਦੇ ਸਕੂਲੀ ਸਿੱਖਿਆ ਅਤੇ ਸਾਖਰਤਾ ਵਿਭਾਗ ਵੱਲੋਂ ਮਹਾਕੁੰਭ ਮੇਲੇ ਬਾਰੇ ਕਰਾਏ ਗਏ ਡਰਾਇੰਗ ਅਤੇ ਪੇਂਟਿੰਗ ਮੁਕਾਬਲਿਆਂ 'ਚ ਪੰਜਾਬ ਦੇ 3 ਵਿਦਿਆਰਥੀਆਂ ਨੇ ਇਨਾਮ ਜਿੱਤੇ ਨੇ.